# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :04-01-2026**

ਕੇਂਦਰੀ ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਕਿਹਾ ਏ ਕਿ ਮਨਰੇਗਾ, ਭ੍ਰਿਸ਼ਟਾਚਾਰ ਦਾ ਦੂਜਾ ਨਾਂ ਬਣ ਗਿਆ ਸੀ, ਜਿੱਥੇ ਮਜ਼ਦੂਰਾਂ ਨੂੰ ਅਕਸਰ ਪਾਸੇ ਕਰ ਦਿੱਤਾ ਜਾਂਦਾ ਸੀ ਤੇ ਉਨ੍ਹਾਂ ਦਾ ਲਗਾਤਾਰ ਸ਼ੋਸ਼ਣ ਕੀਤਾ ਜਾਂਦਾ ਸੀ। ਨਵੀਂ ਦਿੱਲੀ ਵਿਚ ਇਕ ਪ੍ਰੈੱਸ ਕਾਨਫਰੰਸ ਵਿਚ ਬੋਲਦੇ ਹੋਏ ਸ੍ਰੀ ਚੌਹਾਨ ਨੇ **ਕਾਂਗਰਸ ’ਤੇ** ਇਲਜਾਮ ਲਾਏ ਕਿ ਨਵੇਂ ਲਾਗੂ ਕੀਤੇ ਗਏ ਵਿਕਸਿਤ ਭਾਰਤ ਰੁਜ਼ਗਾਰ ਤੇ ਗਾਰੰਟੀ ਆਜੀਵਿਕਾ ਮਿਸ਼ਨ ਗ੍ਰਾਮੀਣ ਜੀ-ਰਾਜ-ਜੀ ਕਾਨੂੰਨ ’ਤੇ ਜਨਤਾ ਨੂੰ ਇਹ ਪਾਰਟੀ ਗੁੰਮਰਾਹ ਕਰ ਰਹੀ ਏ। ਉਨ੍ਹਾਂ ਕਿਹਾ ਕਿ...Byte…

ਕੇਂਦਰੀ ਮੰਤਰੀ ਚੌਹਾਨ ਨੇ ਕਿਹਾ ਕਿ ਬਹੁਤ ਵੱਡਾ ਬਜਟ ਹੋਣ ਦੇ ਬਾਵਜੂਦ, ਮਨਰੇਗਾ ਨੇ ਪਿੰਡਾਂ ਦੇ ਸਥਾਈ ਸੰਪਤੀ ਨਿਰਮਾਣ ਜਾਂ ਲੰਮੇਂ ਸਮੇਂ ਦੇ ਵਿਕਾਸ ਦੀ ਅਗਵਾਈ ਨਹੀਂ ਕੀਤੀ। ਪਿਛਲੇ ਕਾਨੂੰਨ ਦੀਆਂ ਕਮੀਆਂ ਨੂੰ ਉਜਾਗਰ ਕਰਦੇ ਹੋਏ ਮੰਤਰੀ ਨੇ ਕਿਹਾ ਕਿ ਵਿਕਸਿਤ ਭਾਰਤ ਜੀ-ਰਾਮ-ਜੀ, ਮਜ਼ੂਦਰਾਂ ਦੇ ਹਿੱਤਾਂ ਦੀ ਰੱਖਿਆ ਕਰਦਾ ਏ। ਉਨ੍ਹਾਂ

ਕਿਹਾ ਕਿ ਵਧੀ ਹੋਈ ਉਜਰਤ ਤੇ ਬੇਰੁਜ਼ਗਾਰੀ ਭੱਤਾ, ਦੇਰ ਨਾਲ ਭੁਗਤਾਨ ’ਤੇ ਵਿਆਜ ਅਤੇ ਪਹਿਲਾਂ ਦੇ 100 ਦਿਨਾਂ ਤੋਂ 125 ਦਿਨਾਂ ਦੀ ਰੁਜ਼ਗਾਰ ਗਾਰੰਟੀ ਦੇ ਪ੍ਰਬੰਧ, ਇਹ ਯਕੀਨੀ ਬਣਾਉਂਦੇ ਨੇ ਕਿ ਮਜ਼ਦੂਰ ਨਾ-ਸਿਰਫ਼ ਬਿਹਤਰ ਸਥਿਤੀ ਵਿੱਚ ਰਹਿਣ ਸਗੋਂ ਉਹ ਆਪਣੇ ਪਿੰਡਾਂ ਵਿਚ ਸਾਰਥਕ ਯੋਗਦਾਨ ਵੀ ਪਾਉਣ। --

---------------------------------------------------------------------------------

ਚੰਡੀਗੜ੍ਹ ਦੇ ਮੇਅਰ ਲਈ ਆਉਂਦੀ 29 ਜਨਵਰੀ ਨੂੰ ਹੋਣ ਵਾਲੀ ਚੋਣ ਸਬੰਧੀ ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਨਗਰ ਨਿਗਮ, ਚੰਡੀਗੜ੍ਹ ਦਾ ਦੌਰਾ ਕਰ ਕੇ ਚੋਣ ਨਾਲ ਸਬੰਧਤ ਪ੍ਰਬੰਧਾਂ ਦੀਆਂ ਤਿਆਰੀਆਂ ਦੀ ਪੜਚੋਲ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ ਚੋਣਾਂ ਦੇ ਸੰਚਾਲਨ ਨੂੰ ਲੈ ਕੇ ਸੀਨੀਅਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਵਿੱਚ ਦੱਸਿਆ ਗਿਆ ਕਿ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿਚ ਲਾਗੂ ਪੰਜਾਬ ਨਗਰ ਨਿਗਮ ਕਾਨੂੰਨ 1976 ਅਤੇ ਚੰਡੀਗੜ੍ਹ ਨਗਰ ਨਿਗਮ ਨੇਮਾਂ 1996 ਦੇ ਪ੍ਰਬੰਧ ਮੁਤਾਬਕ ਚੋਣ "ਹੱਥ ਉਠਾ ਕੇ ਮਤਦਾਨ" ਦੀ ਪ੍ਰਕਿਰਿਆ ਨਾਲ ਕਰਵਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਚੋਣ

ਕਾਰਵਾਈ ਦੀ ਲਗਾਤਾਰ ਵੀਡੀਓਗ੍ਰਾਫੀ ਕੀਤੀ ਜਾਵੇ, ਜਿਸ ਵਿਚ ਕਿਸੇ ਪ੍ਰਕਾਰ ਦਾ ਸੰਪਾਦਨ ਨਾ ਕੀਤਾ ਜਾਵੇ ਅਤੇ ਵੀਡੀਓ ਰਿਕਾਰਡਿੰਗ ਨੂੰ ਘੱਟੋ-ਘੱਟ 90 ਦਿਨਾਂ ਤੱਕ ਜਾਂ ਸਮਰੱਥ ਅਧਿਕਾਰੀ ਦੇ ਨਿਰਦੇਸ਼ਾਂ ਤਹਿਤ ਸੁਰੱਖਿਅਤ ਰੱਖਿਆ ਜਾਵੇ।

---------------------------------------------------------------------------------

ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਟੀਚਾ ਪ੍ਰਾਪਤ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਦੂਜਾ ਪੜਾਅ ਭਲਕੇ ਤੋਂ ਸ਼ੁਰੂ ਕੀਤਾ ਜਾ ਰਿਹਾ ਏ। ਪੰਜਾਬ ਦੇ ਦਿਹਾਤੀ ਵਿਕਾਸ ਅਤੇ ਪੰਚਾਇਤ ਮੰਤਰੀ, ਤਰੁਨਪ੍ਰੀਤ ਸਿੰਘ ਸੌਂਦ ਨੇ ਬੀਤੇ ਕੱਲ੍ਹ ਮੋਹਾਲੀ ਵਿੱਚ ਆਪਣੇ ਵਿਭਾਗ ਦੇ ਫੀਲਡ ਸਟਾਫ਼ ਦੇ ਸੂਬਾ ਪੱਧਰੀ ਸਿਖਲਾਈ ਪ੍ਰੋਗਰਾਮ ਦੀ ਅਗਵਾਈ ਕਰਦਿਆਂ ਦੱਸਿਆ ਕਿ ਮੁਹਿੰਮ ਦੇ ਪਹਿਲੇ ਗੇੜ ਦੀ ਸਫਲਤਾ ਤੋਂ ਬਾਅਦ ਦੂਜਾ ਪੜਾਅ ਸ਼ੁਰੂ ਕੀਤਾ ਜਾ ਰਿਹਾ ਏ। ਉਨ੍ਹਾਂ ਦੱਸਿਆ ਕਿ ਇਸ ਪੜਾਅ ਦੌਰਾਨ ਉਹ ਨੌਜਵਾਨ, ਜੋ ਕਦੇ ਨਸ਼ੇ ਦੇ ਸ਼ਿਕਾਰ ਸਨ ਅਤੇ ਇਲਾਜ ਤੋਂ ਬਾਅਦ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੁੜ ਚੁੱਕੇ ਨੇ, ਬੁਲਾਰੇ ਵਜੋਂ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਗੇ। ਪੰਚਾਇਤ ਮੰਤਰੀ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਦੇ ਪਹਿਲੇ ਪੜਾਅ ਦੌਰਾਨ

ਹਜ਼ਾਰਾਂ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਭੇਜਿਆ ਗਿਆ ਏ ਅਤੇ ਬਾਕੀ ਮੁਲਜ਼ਮਾਂ ਖਿਲਾਫ਼ ਦੂਜੇ ਪੜਾਅ ਵਿਚ ਕਾਰਵਾਈ ਜਾਰੀ ਰਹੇਗੀ।

-------------------------------------------------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੱਲ੍ਹ ਜਲੰਧਰ ਸ਼ਹਿਰ ਵਿੱਚ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦੇ ਨੀਂਹ-ਪੱਥਰ ਰੱਖੇ। ਕੈਬਨਿਟ ਮੰਤਰੀ ਨੇ ਕਿਹਾ ਕਿ 21 ਲੱਖ ਰੁਪਏ ਦੀ ਲਾਗਤ ਵਾਲੇ ਨਵੀਨੀਕਰਨ ਪ੍ਰਾਜੈਕਟ ਤਹਿਤ ਸ਼੍ਰੀ ਗੁਰੂ ਰਵਿਦਾਸ ਚੌਕ ਦੀ ਨੁਹਾਰ ਬਦਲ ਕੇ ਇਸ ਨੂੰ ਖਿੱਚ ਦਾ ਕੇਂਦਰ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਚੌਕ ਲੱਖਾਂ ਸ਼ਰਧਾਲੂਆਂ ਲਈ ਸ਼ਰਧਾ ਦਾ ਕੇਂਦਰ ਏ, ਜਿਹੜੇ ਕਿ ਸਤਿਗੁਰੂ ਰਵਿਦਾਸ ਜੀ ਨੂੰ ਨਤਮਸਤਕ ਹੋਣ ਲਈ ਆਉਂਦੇ ਨੇ। ਸ਼੍ਰੀ ਭਗਤ ਨੇ ਕਿਹਾ ਕਿ ਨਵੀਨੀਕਰਨ ਪ੍ਰਾਜੈਕਟ ਸ਼ਰਧਾਲੂਆਂ ਦੇ ਅਨੁਭਵ ਨੂੰ ਕਾਫ਼ੀ ਬਿਹਤਰ ਬਣਾਏਗਾ। ਕੈਬਨਿਟ ਮੰਤਰੀ ਨੇ ਜਲੰਧਰ ਦੇ ਮਾਡਲ ਹਾਊਸ ਵਿੱਚ ਇਕ ਹੋਰ ਵਿਕਾਸ ਕਾਰਜ ਦਾ ਨੀਂਹ-ਪੱਥਰ ਵੀ ਰੱਖਿਆ, ਜਿੱਥੇ 9 ਲੱਖ ਰੁਪਏ ਦੀ ਲਾਗਤ ਨਾਲ ਦੋ ਸੜਕਾਂ ਬਣਾਈਆਂ ਜਾਣਗੀਆਂ

-------------------------------------------------------------------------------

ਪ੍ਰਧਾਨ ਮੰਤਰੀ ਰਿਹਾਇਸ਼ ਯੋਜਨਾ ਤਹਿਤ ਕੱਚੇ ਮਕਾਨਾਂ ਨੂੰ ਪੱਕੇ ਕਰਨ ਦੀ ਯੋਜਨਾ ਤਹਿਤ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ 84 ਲਾਭਪਾਤਰੀਆਂ ਨੂੰ ਪ੍ਰਵਾਨਗੀ ਪੱਤਰ ਸੌਂਪੇ। ਇਸ ਮੌਕੇ ਵਿਧਾਇਕ ਨੇ ਸੀਵਰੇਜ ਬੋਰਡ ਵੱਲੋਂ ਨਗਰ ਕੌਂਸਲ ਸਮਰਾਲਾ ਨੂੰ ਭੇਜੀਆਂ ਗਈਆਂ 4 ਨਵੀਆਂ ਆਧੁਨਿਕ ਮਸ਼ੀਨਾਂ ਦਾ ਵੀ ਉਦਘਾਟਨ ਕੀਤਾ। ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਦੱਸਿਆ ਕਿ ਸ਼ਹਿਰ ਵਿਚ ਸਫਾਈ ਪ੍ਰਬੰਧਾਂ ਲਈ ਆਧੁਨਿਕ ਮਸ਼ੀਨਾਂ ਮੰਗਵਾ ਕੇ ਨਗਰ ਕੌਂਸਲ ਨੂੰ ਦਿੱਤੀ ਗਈਆਂ ਨੇ।

---------------------------------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਸਥਿਤੀ ਲਈ ਆਰੈਂਟ ਅਲਰਟ ਜਾਰੀ ਕੀਤਾ ਏ। ਅਗਲੇ ਤਿੰਨ ਦਿਨਾਂ ਤੱਕ ਸੀਤ ਲਹਿਰ ਚੱਲਣ ਦੀ ਵੀ ਸੰਭਾਵਨਾ ਏ।